# ਪੰਜਾਬੀ ਯੂਨੀਵਰਸਿਟੀ, ਪਟਿਆਲਾ

(1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਤ)

ਕੰਟਰੋਲਰ (ਪ੍ਰੀਖਿਆਵਾਂ) ਦਫ਼ਤਰ

ਨੰ.....3098...../ਸੀ.ਓ.ਈ.
ਮਿਤੀ.....24/09/2020.....

## ਜ਼ਰੂਰੀ ਸੂਚਨਾ

ਬਹੁਤ ਸਾਰੇ ਕਾਲਜਾਂ ਦੇ ਪ੍ਰਿੰਸੀਪਲਾਂ, ਪ੍ਰਾਈਵੇਟ ਕਾਲਜਾਂ ਦੀ ਐਸੋਸੋਈਸ਼ਨ ਦੇ ਨੁਮਾਇੰਦੇ ਅਤੇ ਵਿਦਿਆਰਥੀਆਂ ਨੇ ਧਿਆਨ ਵਿੱਚ ਲਿਆਂਦਾ ਹੈ ਕਿ 25 ਸਤੰਬਰ, 2020 ਨੂੰ ਪੰਜਾਬ ਬੰਦ ਦੇ ਮੱਦੇ-ਨਜ਼ਰ ਇਸ ਦਿਨ ਪੰਜਾਬੀ ਯੂਨੀਵਰਸਿਟੀ ਵੱਲੋਂ ਕਰਵਾਈ ਜਾ ਰਹੀ ਪ੍ਰੀਖਿਆ ਦੇ ਸਬੰਧ ਵਿੱਚ ਕਾਲਜ ਦੇ ਸਟਾਫ਼ ਨੂੰ ਪੇਪਰ ਕੰਡਕਟ ਕਰਵਾਉਣ ਅਤੇ ਵਿਦਿਆਰਥੀਆਂ ਨੂੰ ਪ੍ਰੀਖਿਆ ਦੇਣ ਵਿੱਚ ਮੁਸ਼ਕਿਲਾਂ ਆ ਸਕਦੀਆਂ ਹਨ। ਵਿਭਾਗ/ਕਾਲਜ ਦੇ ਸਟਾਫ਼ ਨੂੰ ਪ੍ਰੀਖਿਆ ਕਰਵਾਉਣ ਅਤੇ ਵਿਦਿਆਰਥੀਆਂ ਨੂੰ ਪ੍ਰੀਖਿਆ ਦੇਣ ਵਿੱਚ ਕੋਈ ਮੁਸ਼ਕਿਲ ਨਾ ਆਵੇ, ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬੀ ਯੂਨੀਵਰਸਿਟੀ ਵੱਲੋਂ ਲਏ ਫੈਸਲੇ ਅਨੁਸਾਰ 25 ਸਤੰਬਰ, 2020 ਨੂੰ ਹੋ ਰਹੀ ਪ੍ਰੀਖਿਆ ਮੁਲਤਵੀ: ਕਰ ਦਿੱਤੀ ਗਈ ਹੈ ਅਤੇ ਹੁਣ 25 ਸਤੰਬਰ, 2020 ਨੂੰ ਹੋਣ ਵਾਲੀ ਪ੍ਰੀਖਿਆ 14 ਅਕਤੂਬਰ, 2020 ਨੂੰ ਪਹਿਲਾਂ ਨਿਰਧਾਰਿਤ ਸਮੇਂ ਅਨੁਸਾਰ ਹੋਵੇਗੀ।

ਯੂ.ਪੀ.ਐਸ.ਸੀ. ਨਵੀਂ ਦਿੱਲੀ ਵਲੋਂ 04 ਅਕਤੂਬਰ, 2020 ਨੂੰ ਇੱਕ ਮੁਕਾਬਲਾ ਪ੍ਰੀਖਿਆ ਕਰਵਾਈ ਜਾ ਰਹੀ ਹੈ। ਇਸ ਨੂੰ ਮੱਦੇ-ਨਜ਼ਰ ਰੱਖਦੇ ਹੋਏ 04 ਅਕਤੂਬਰ, 2020 ਨੂੰ ਹੋਣ ਵਾਲੀ ਪ੍ਰੀਖਿਆ ਮੁਲਤਵੀ ਕੀਤੀ ਜਾਂਦੀ ਹੈ ਅਤੇ ਹੁਣ 04 ਅਕਤੂਬਰ, 2020 ਨੂੰ ਹੋਣ ਵਾਲੀ ਪ੍ਰੀਖਿਆ ਹੁਣ 13 ਅਕਤੂਬਰ, 2020 ਨੂੰ ਹੋਵੇਗੀ। ਰਿਵਾਇਜ਼ਡ ਡੇਟ-ਸ਼ੀਟਾਂ ਯੂਨੀਵਰਸਿਟੀ ਵੈਬਸਾਈਟ ਤੇ ਜਲਦੀ ਹੀ ਅਪਲੋਡ ਕਰ ਦਿੱਤੀਆਂ ਜਾਣਗੀਆਂ।

ਇਹ ਵੀ ਧਿਆਨ ਵਿੱਚ ਆਇਆ ਹੈ ਕਿ ਯੂਨੀਵਰਸਿਟੀ ਵੱਲੋਂ ਕਰਵਾਈਆਂ ਜਾ ਰਹੀਆਂ ਪ੍ਰੀਖਿਆਵਾਂ ਦੌਰਾਨ NTA ਵੱਲੋਂ ਯੂ.ਜੀ.ਸੀ. ਨੈੱਟ ਪ੍ਰੀਖਿਆ ਕਰਵਾਈ ਜਾ ਰਹੀ ਹੈ। ਵਿਦਿਆਰਥੀਆਂ ਦੇ ਹਿੱਤ ਨੂੰ ਧਿਆਨ ਵਿੱਚ ਰੱਖਦੇ ਹੋਏ ਪਹਿਲਾਂ ਜਾਰੀ ਹੋਈਆਂ ਡੇਟ-ਸ਼ੀਟਾਂ ਦੇ ਕੁਝ ਪੇਪਰਾਂ ਵਿੱਚ ਪ੍ਰੀਖਿਆ ਸੈਸ਼ਨ ਦੇ ਸਮੇਂ ਵਿੱਚ ਤਬਦੀਲੀ ਕੀਤੀ ਜਾ ਸਕਦੀ ਹੈ ਜਿਸ ਬਾਰੇ ਆਉਣ ਵਾਲੇ ਸਮੇਂ ਵਿੱਚ ਨੋਟੀਫਾਈ ਕਰ ਦਿੱਤਾ ਜਾਵੇਗਾ।

ਸਾਰੇ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਪ੍ਰੀਖਿਆ ਸਬੰਧੀ ਸਮੇਂ-ਸਮੇਂ ਜਾਰੀ ਹਦਾਇਤਾਂ ਅਤੇ ਡੇਟ-ਸ਼ੀਟ ਬਾਰੇ ਯੂਨੀਵਰਸਿਟੀ ਵੈਬਸਾਈਟ pupexamination.ac.in ਚੈਕ ਕਰਦੇ ਰਹਿਣ।

24/9/2020

**ਕੰਟਰੋਲਰ (ਪ੍ਰੀਖਿਆਵਾਂ)**

ਕੰਟਰੋਲਰ (ਪਰੀਖਿਆਵਾਂ)
ਪੰਜਾਬੀ ਯੂਨੀਵਰਸਿਟੀ,
ਪਟਿਆਲਾ